# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-01-2025**

- ਕੋਲਕਾਤਾ ਦੇ ਸਿਆਲਦਾਹ ਦੀ ਇੱਕ ਸੈਸ਼ਨ ਅਦਾਲਤ ਨੇ ਆਰਜੀ ਕਾਰ ਬਲਾਤਕਾਰ ਅਤੇ ਕਤਲ ਕੇਸ ਵਿੱਚ ਮੁੱਖ ਦੋਸ਼ੀ ਸੰਜੋਏ ਰਾਏ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਏ। ਰਾਸ਼ਟਰੀ ਮਹਿਲਾ ਕਮਿਸ਼ਨ ਨੇ ਫੈਸਲੇ ਦਾ ਸਵਾਗਤ ਕੀਤਾ ਏ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਨੌਜਵਾਨ ਦੇਸ਼ ਦਾ ਅਸਾਸਾ ਨੇ, ਜੋ ਰਾਸ਼ਟਰ ਨਿਰਮਾਣ ਅਤੇ ਖੁਸ਼ਹਾਲੀ ਵਿੱਚ ਯੋਗਦਾਨ ਪਾਉਣਗੇ।
- ਪੰਜਾਬ ਦੇ ਸਮਾਜਿਕ ਸੁਰੱਖਿਆ,ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਵਿਧਾਨ ਸਭਾ ਹਲਕੇ ਦੇ ਪਿੰਡਾਂ ਲਈ 4 ਕਰੋੜ 39 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕੰਮਾਂ ਦੀ ਸ਼ੁਰੂਆਤ ਕੀਤੀ।

- ਮੌਸਮ ਵਿਭਾਗ ਨੇ ਅਗਲੇ ਡੋ ਦਿਨਾਂ ਤੱਕ ਪੰਜਾਬ ਤੇ ਹਰਿਆਣਾ, ਵਿੱਚ ਸੰਘਣੀ ਧੁੰਦ ਤੋਂ ਕੁਝ ਰਾਹਤ ਮਿਲਣ ਦੀ ਸੰਭਾਵਨਾ ਜਤਾਈ ਏ ।
- ਮਹਿਲਾ ਹਾਕੀ ਇੰਡੀਆ ਲੀਗ ਵਿੱਚ, ਅੱਜ ਰਾਂਚੀ ਵਿਖੇ , JSW Soorma Hockey Club ਦਾ ਮੁਕਾਬਲਾ Delhi SG Pipers ਨਾਲ ਹੋ ਰਿਹਾ ਏ।

---

ਕੋਲਕਾਤਾ ਦੇ ਸਿਆਲਦਾਹ ਦੀ ਇੱਕ ਸੈਸ਼ਨ ਅਦਾਲਤ ਨੇ ਆਰਜੀ ਕਾਰ ਬਲਾਤਕਾਰ ਅਤੇ ਕਤਲ ਕੇਸ ਵਿੱਚ ਮੁੱਖ ਦੋਸ਼ੀ ਸੰਜੋਏ ਰਾਏ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਏ । ਸੈਸ਼ਨ ਜੱਜ ਅਨਿਰਬਾਨ ਦਾਸ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਨੂੰ ਪੀੜਤ ਪਰਿਵਾਰ ਨੂੰ 17 ਲੱਖ ਰੁਪਏ ਦਾ ਮੁਆਵਜ਼ਾ ਦੇਣਾ ਹੋਏਗਾ. ਸੰਜੋਏ ਰਾਏ ਨੂੰ ਇਸ ਮਾਮਲੇ 'ਚ ਪਿਛਲੇ ਹਫਤੇ ਸ਼ਨੀਵਾਰ ਨੂੰ ਅਦਾਲਤ ਨੇ ਦੋਸ਼ੀ ਕਰਾਰ ਦਿੱਤਾ ਸੀ। ਸੰਜੋਏ ਰਾਏ ਨੂੰ ਕੋਲਕਾਤਾ ਪੁਲਿਸ ਨੇ 10 ਅਗਸਤ ਨੂੰ ਗ੍ਰਿਫਤਾਰ ਕੀਤਾ ਸੀ। ਬਾਅਦ ਵਿੱਚ ਉਸ ਨੂੰ ਸੀਬੀਆਈ ਦੇ ਹਵਾਲੇ ਕਰ ਦਿੱਤਾ ਗਿਆ ਸੀ । ਉਧਰ

ਰਾਸ਼ਟਰੀ ਮਹਿਲਾ ਕਮਿਸ਼ਨ (NCW) ਨੇ ਕੋਲਕਾਤਾ ਦੀ ਸੈਸ਼ਨ ਅਦਾਲਤ ਵੱਲੋਂ ਆਰ.ਜੀ. ਦੀ ਇੱਕ ਡਾਕਟਰ ਨਾਲ ਬਲਾਤਕਾਰ ਅਤੇ ਹੱਤਿਆ ਦੇ ਮਾਮਲੇ ਵਿੱਚ ਸੁਣਾਏ ਗਏ ਫੈਸਲੇ ਦਾ ਸਵਾਗਤ ਕੀਤਾ ਏ।

-----------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਨੌਜਵਾਨ ਦੇਸ਼ ਦਾ ਅਸਾਸਾ ਨੇ, ਜੋ ਰਾਸ਼ਟਰ ਨਿਰਮਾਣ ਅਤੇ ਖੁਸ਼ਹਾਲੀ ਵਿੱਚ ਯੋਗਦਾਨ ਪਾਉਣਗੇ। ਦਿੱਲੀ ਵਿਖੇ NCC ਗਣਤੰਤਰ ਦਿਵਸ ਕੈਂਪ 2025 ਨੂੰ ਸੰਬੋਧਨ ਕਰਦਿਆਂ ਸ੍ਰੀ ਸਿੰਘ ਨੇ ਕਿਹਾ ਕਿ ਭਾਰਤ ਦਾ ਸਭਿਆਚਾਰ ਇਸ ਦੇ 140 ਕਰੋੜ ਲੋਕਾਂ ਦੀ ਏਕਤਾ ਨਾਲ ਬਝਿਆ ਹੋਇਆ ਏ ਅਤੇ ਹਰੇਕ ਵਿਅਕਤੀ ਦਾ ਵਿਕਾਸ ਸਮਾਜ ਦੇ ਵਿਕਾਸ ਨੂੰ ਦਰਸਾਉਂਦਾ ਏ। ਮੰਤਰੀ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਵਿੱਚ ਅਨੁਸ਼ਾਸਨ, ਏਕਤਾ ਅਤੇ ਰਾਸ਼ਟਰੀ ਅਖੰਡਤਾ ਨੂੰ ਪਹਿਲ ਦੇਣ ਕਿਉਂਕਿ ਇਹ ਵਿਕਾਸ ਦੇ ਮਾਰਗ 'ਤੇ ਰਾਸ਼ਟਰ ਦੀ ਨੀਂਹ ਹੁੰਦੇ ਨੇ।

BYTE –

---------------------------------------------------------

9ਵੇਂ ਆਰਮਡ ਫੋਰਸਿਜ਼ ਵੈਟਰਨਜ਼ ਡੇਅ ਦੇ ਜਸ਼ਨਾਂ ਦੀ ਕੜੀ ਵਿੱਚ, ਭਾਰਤੀ ਫੌਜ ਦੀ ਪੱਛਮੀ ਕਮਾਂਡ ਨੇ 14 ਤੋਂ 19 ਜਨਵਰੀ ਦਰਮਿਆਨ ਪਠਾਨਕੋਟ, ਜਲੰਧਰ, ਟ੍ਰਾਈਸਿਟੀ, ਅੰਬਾਲਾ, ਦਿੱਲੀ, ਸਾਂਬਾ, ਕਠੂਆ, ਸਤਵਾਰੀ, ਅਤੇ ਬਾਨੀ ਮਛੇੜੀ, ਸਮੇਤ ਕਮਾਂਡ ਅਧਿਕਾਰਿਤ ਖੇਤਰ ਵਿੱਚ ਵੱਖ-ਵੱਖ ਥਾਵਾਂ 'ਤੇ ਹਫ਼ਤੇ ਭਰ ਸਾਬਕਾ ਸੈਨਿਕ ਦਿਵਸ ਜਸ਼ਨ ਮਨਾਏ, ਜੋ ਕਿ ਭਾਰਤੀ ਹਥਿਆਰਬੰਦ ਫੌਜ ਦੇ ਸਾਬਕਾ ਸੈਨਿਕਾਂ ਦੇ ਵਡਮੁੱਲੇ ਯੋਗਦਾਨ ਅਤੇ ਕੁਰਬਾਨੀਆਂ ਦਾ ਸਨਮਾਨ ਕਰਨ ਨੂੰ ਸਮਰਪਿਤ ਕੀਤਾ ਗਿਆ। ਇਸ ਸਿਲਸਿਲੇ ਵਿੱਚ, ਪੱਛਮੀ ਕਮਾਂਡ ਵੱਲੋਂ ਚੰਡੀ-ਮੰਦਰ ਵਿਖੇ 19 ਜਨਵਰੀ ਨੂੰ ਇੱਕ ਸ਼ਾਨਦਾਰ ਸਮਾਗਮ ਕਰਾਇਆ ਗਿਆ. ਇਸ ਸਮਾਗਮ ਵਿੱਚ ਭਾਰਤੀ ਥਲ ਸੇਨਾ, ਸਮੁੰਦਰੀ ਫੌਜ ਅਤੇ ਹਵਾਈ ਫੌਜ ਦੇ 1400 ਤੋਂ ਵੱਧ ਸਾਬਕਾ ਸੈਨਿਕ ਸ਼ਾਮਲ ਹੋਏ । ਇਸ ਮੌਕੇ , ਪੱਛਮੀ ਸੈਨਾ ਕਮਾਂਡਰ ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ, ਜਨਰਲ ਅਫਸਰ ਕਮਾਂਡਿੰਗ-ਇਨ-ਚੀਫ਼ ਅਤੇ ਸ਼੍ਰੀਮਤੀ ਸ਼ੁਚੀ ਕਟਿਆਰ, ਖੇਤਰੀ ਪ੍ਰਧਾਨ ਆਰਮੀ ਵਾਈਵਜ਼ ਵੈਲਫੇਅਰ

ਐਸੋਸੀਏਸ਼ਨ (ਆਵਾ) ਨੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਗੱਲਬਾਤ ਕੀਤੀ, ਅਤੇ ਰਾਸ਼ਟਰ ਪ੍ਰਤੀ ਉਨ੍ਹਾਂ ਦੀਆਂ ਅਨਮੋਲ ਸੇਵਾਵਾਂ ਲਈ ਧੰਨਵਾਦ ਅਤੇ ਸ਼ਲਾਘਾ ਪ੍ਰਗਟਾਈ। ਇਸ ਸਮਾਗਮ ਵਿੱਚ ਜਿਥੇ ਕੁਝ ਸੀਨੀਅਰ ਸਾਬਕਾ ਸੈਨਿਕਾਂ ਨੂੰ ਸਨਮਾਨਿਤ ਕੀਤਾ ਗਿਆ ਓਥੇ ਹੀ ਸਾਬਕਾ ਸੈਨਿਕਾਂ ਨੂੰ ਦਰਪੇਸ਼ ਆਉਂਦੀਆਂ ਵੱਖ-ਵੱਖ ਚੁਣੌਤੀਆਂ ਦੇ ਹੱਲ ਲਈ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਗਈਆਂ।

---------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ,ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਵਿਧਾਨ ਸਭਾ ਹਲਕੇ ਦੇ ਕੁਝ ਪਿੰਡਾਂ ਦਾ ਦੌਰਾ ਕੀਤਾ ਅਤੇ ਇਹਨਾਂ ਪਿੰਡਾਂ ਦੇ ਸਮੁੱਚੇ ਵਿਕਾਸ ਲਈ 4 ਕਰੋੜ 39 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕੰਮਾਂ ਦੀ ਸ਼ੁਰੂਆਤ ਕੀਤੀ। ਆਪਣੇ ਦੌਰੇ ਦੌਰਾਨ ਪਿੰਡ ਫੂਲੇਵਾਲਾ ਦੇ ਆਂਗਣਵਾੜੀ ਵਰਕਰਾਂ ਨਾਲ ਮੁਲਾਕਾਤ ਦੌਰਾਨ ਗੱਲਬਾਤ ਕਰਦਿਆਂ ਓਹਨਾਂ ਕਿਹਾ ਕਿ ਛੋਟੇ ਬੱਚਿਆਂ ਦੀ ਸਹੂਲਤ ਲਈ ਇੱਥੇ ਬਿਜਲੀ ਪਾਣੀ ਦੀ ਸਮੱਸਿਆ ਨੂੰ ਦੂਰ ਕੀਤਾ ਜਾਵੇਗਾ ਅਤੇ ਗਰਭਵਤੀ ਮਾਵਾਂ ਅਤੇ ਛੋਟੇ ਬੱਚਿਆਂ ਨੂੰ ਪੌਸ਼ਟਿਕ ਖੁਰਾਕ

ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ. ਓਹਨਾਂ ਇਹ ਵੀ ਕਿਹਾ ਕਿ ਪਿੰਡ ਦੇ ਹੋਰ ਕੰਮਾਂ ਨੂੰ ਕੀਤਾ ਜਾਵੇਗਾ ਅਤੇ ਪਿੰਡ ਵਿੱਚ  ਬੱਸ ਸੇਵਾ ਦਾ ਜਲਦੀ ਪ੍ਰਬੰਧ ਕੀਤਾ ਜਾਵੇਗਾ। ਓਹਨਾਂ  ਆਪਣੇ ਦੌਰੇ ਦੌਰਾਨ ਭੰਗਚੜੀ, ਮੌੜ ਅਤੇ ਸੰਮੇਵਾਲੀ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਮੌਕੇ ਤੇ ਉਨ੍ਹਾਂ ਦਾ ਹੱਲ ਵੀ ਕੀਤਾ ਅਤੇ ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਪਿੰਡ ਦੇ ਵਿਕਾਸ ਦੇ ਕੰਮਾਂ ਵਿੱਚ ਕੋਈ ਰੁਕਾਵਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਜਲਦੀ ਤੋਂ ਜਲਦੀ ਪਿੰਡ ਦੇ ਬਕਾਇਆ ਪਏ ਕੰਮ ਪੂਰੇ ਕੀਤੇ ਜਾਣਗੇ ਤਾਂ ਜੋ ਪਿੰਡ ਵਾਸੀਆਂ ਨੂੰ ਸਵੱਛ ਮਾਹੌਲ ਮਿਲ ਸਕੇ।

---------------------------------------------------------

ਆਮ ਆਦਮੀ ਪਾਰਟੀ (ਆਪ) ਦੇ ਪ੍ਰਿੰਸੀਪਲ ਇੰਦਰਜੀਤ ਕੌਰ ਨੂੰ ਲੁਧਿਆਣਾ ਦਾ ਮੇਅਰ ਚੁਣਿਆ ਗਿਆ ਹੈ। ਰਾਕੇਸ਼ ਪਰਾਸ਼ਰ ਸੀਨੀਅਰ ਡਿਪਟੀ ਮੇਅਰ ਅਤੇ ਪ੍ਰਿੰਸ ਜੌਹਰ ਡਿਪਟੀ ਮੇਅਰ ਹੋਣਗੇ । ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਲੁਧਿਆਣਾ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਇਹ ਜਾਣਕਾਰੀ ਦਿਤੀ। ਅਰੋੜਾ ਨੇ ਕਿਹਾ ਕਿ ਅੱਜ ਲੁਧਿਆਣਾ ਵਿੱਚ ਇੱਕ ਨਵੇਂ ਅਧਿਆਏ ਦੀ ਸ਼ੁਰੂਆਤ ਹੈ, ਆਮ

ਆਦਮੀ ਪਾਰਟੀ ਨੇ ਲੁਧਿਆਣਾ ਨੂੰ ਆਪਣੀ ਪਹਿਲੀ ਮਹਿਲਾ ਮੇਅਰ ਦਿੱਤੀ ਏ । ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਓਹਨਾ ਕਿਹਾ ਕਿ ਪਾਰਟੀ ਦੀ ਅਗਵਾਈ ਹੇਠ, ਲੁਧਿਆਣਾ ਨਗਰ ਨਿਗਮ ਪ੍ਰਸ਼ਾਸਨ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਕੰਮ ਕਰੇਗਾ ਅਤੇ ਸ਼ਹਿਰ ਦੇ ਵਿਕਾਸ ਲਈ ਰਾਹ ਪੱਧਰਾ ਕਰੇਗਾ।

--------------------------------------------------

ਫਰੀਦਕੋਟ ਦੇ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਸੜ੍ਹਕ ਸੁਰਖਿਆ ਕਮੇਟੀ ਦੀ ਮੀਟਿੰਗ ਦੌਰਾਨ ਇਹ ਧਿਆਨ ਵਿੱਚ ਲਿਆਂਦਾ ਗਿਆ ਏ ਕਿ ਦੋ ਪਹੀਆ ਚਾਲਕਾਂ ਵਿਚੋਂ ਬਹੁਤਿਆਂ ਵਲੋਂ ਸਾਈਡ ਦੇ ਸ਼ੀਸ਼ੇ ਉਤਾਰੇ ਹੋਣ ਕਾਰਨ ਹਾਦਸੇ ਦਾ ਖਦਸ਼ਾ ਬਣਿਆ ਰਹਿੰਦਾ ਏ। ਉਨ੍ਹਾਂ ਇਸ ਸਮਸਿਆ ਸੰਬੰਧੀ ਹੁਕਮ ਜਾਰੀ ਕਰਦਿਆਂ ਕਿਹਾ ਕਿ ਸਾਈਡ ਸ਼ੀਸ਼ੇ ਤੋਂ ਬਿਨਾ ਦੋ ਪਹੀਆ ਵਾਹਨਾਂ, ਬਿਨਾ ਹੈਲਮਟ, ਸਮਰਥਾ ਤੋਂ ਵਧ ਲੋਡ ਕੀਤੇ ਵਾਹਨਾਂ,  ਹਾਈ ਬੀਮ ਲਾਈਟਾਂ ਅਤੇ LED ਲਾਈਟਾਂ ਦੀ ਵਰਤੋਂ ਕਰਨ ਵਾਲਿਆਂ ਦੀ ਜਾਂਚ ਕਰਵਾਈ ਜਾਵੇ. ਓਹਨਾਂ ਵਾਹਨਾਂ ਦੀ ਆਵਾਜਾਈ ਸੁਚੱਜੇ ਢੰਗ ਨਾਲ ਚਲਾਉਣ ਲਈ ਅਜਿਹੇ

ਵਾਹਨ ਚਾਲਕਾਂ ਦੇ ਚਲਾਨ ਕਰਨ ਲਈ ਟ੍ਰੈਫਿਕ ਪੁਲਿਸ ਨੂੰ ਸਖਤ ਨਿਰਦੇਸ਼ ਵੀ ਦਿੱਤੇ।

-----------------------------------------------------------

ਪੰਜਾਬ ਪੁਲਿਸ ਵੱਲੋਂ ਟਰੈਫਿਕ ਅਤੇ ਨਸ਼ਿਆਂ ਖਿਲਾਫ ਵਿੱਡੀ ਗਈ ਮੁਹਿਮ ਤਹਿਤ ਮਨਾਏ ਜਾ ਰਹੇ ਟਰੈਫਿਕ ਮਹੀਨੇ  ਦੌਰਾਨ ਜ਼ਿਲਾ ਫਤਿਹਗੜ੍ਹ ਸਾਹਿਬ ਟਰੈਫਿਕ ਪੁਲਿਸ ਵੱਲੋਂ ਵੱਖ-ਵੱਖ ਸਕੂਲਾਂ ਕਾਲਜਾਂ ਵਿੱਚ ਜਾ ਕੇ ਜਿੱਥੇ ਵਿਦਿਆਰਥੀਆਂ ਨੂੰ ਸੈਮੀਨਾਰ ਲਾ ਕੇ ਟਰੈਫਿਕ ਨੇਮਾਂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਏ। ਉੱਥੇ ਹੀ ਵਿਦਿਆਰਥੀਆਂ ਵੱਲੋਂ ਆਪਣਾ ਯੋਗਦਾਨ ਪਾਉਦਿਆਂ ਹੋਇਆਂ ਰੈਲੀ ਕੱਢ ਕੇ ਲੋਕਾਂ ਜਾਣੂ ਕਰਾਇਆ ਜਾ ਰਿਹਾ ਏ। ਫਤਿਹਗੜ੍ਹ ਸਾਹਿਬ ਦੇ ਜ਼ਿਲ੍ਹਾ ਟਰੈਫਿਕ ਇੰਚਾਰਜ ਇੰਸਪੈਕਟਰ ਇੰਦਰਪ੍ਰੀਤ ਸਿੰਘ ਬਡ਼ੂੰਗਰ ਨੇ ਦੱਸਿਆ ਕਿ ਪੰਜਾਬ ਭਰ ਵਿੱਚ ਪੰਜਾਬ ਪੁਲਿਸ ਵੱਲੋਂ ਮਨਾਏ ਜਾ ਰਹੇ ਟਰੈਫਿਕ ਮਹੀਨੇ ਦੌਰਾਨ ਵੱਖ-ਵੱਖ ਥਾਵਾਂ ਤੇ ਜਾ ਕੇ ਟਰੈਫਿਕ ਪੁਲਿਸ ਵੱਲੋਂ ਵਿਦਿਆਰਥੀ ਵਰਗ ਨੂੰ ਟਰੈਫਿਕ ਦੇ ਨੇਮਾਂ, ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਏ।

BYTE -

--------------------------------------------------

ਇਸ ਮੌਕੇ ਤੇ ਰੈਲੀ ਵਿੱਚ ਹਿੱਸਾ ਲੈ ਰਹੇ ਵਿਦਿਆਰਥੀਆਂ ਨੇ ਵੀ ਟਰੈਫਿਕ ਵਿਭਾਗ ਦੇ ਇਸ ਉੱਦਮ ਦੀ ਸਲਾਘਾ ਕਰਦਿਆਂ ਕਿਹਾ ਕਿ ਉਨਾਂ ਵੱਲੋਂ ਜੋ ਨਸ਼ਿਆਂ ਅਤੇ ਟ੍ਰੈਫਿਕ ਨੂੰ ਲੈ ਕੇ ਸਮਝਾਇਆ ਗਿਆ ਏ ਉਸ ਦੀ ਉਹ ਖੁਦ ਅਤੇ ਆਪਣੇ ਸਾਥੀਆਂ ਨੂੰ ਵੀ ਪਾਲਣਾ ਕਰਨ ਲਈ ਕਹਿਣਗੇ।

BYTE

--------------------------------------------------

ਭਾਰਤ ਸਰਕਾਰ ਦੀ ਮੁਲਾਜ਼ਮਾਂ ਦੇ Provident Fund ਬਾਰੇ ਸੰਸਥਾ (EPFO) ਦੇ ਜਲੰਧਰ ਖੇਤਰੀ ਦਫ਼ਤਰ ਦੇ ਖੇਤਰੀ ਕਮਿਸ਼ਨਰ ਪੰਕਜ ਕੁਮਾਰ ਨੇ ਦੱਸਿਆ ਕਿ, EPFO ਨੇ ਮੈਂਬਰ ਸੇਵਾਵਾਂ ਨੂੰ ਬਿਹਤਰ ਬਣਾਉਣ ਅਤੇ ਡਾਟਾ ਨੂੰ ਸਹੀ ਰੱਖਣ ਲਈ, ਮੈਂਬਰ ਪ੍ਰੋਫਾਈਲ ਅੱਪਡੇਟ ਕਰਨ ਦੀ ਪ੍ਰਕਿਰਿਆ ਨੂੰ ਸੌਖਾ ਬਣਾ ਦਿੱਤਾ ਏ। ਜਿਨ੍ਹਾਂ ਮੈਂਬਰਾਂ ਦਾ ਯੂਨੀਵਰਸਲ ਅਕਾਊਂਟ ਨੰਬਰ (UAN) ਆਧਾਰ ਨਾਲ ਲਿੰਕ ਅਤੇ ਤਸਦੀਕਸ਼ੁਦਾ ਏ,

ਉਹ ਹੁਣ ਬਿਨ੍ਹਾਂ ਕੋਈ ਦਸਤਾਵੇਜ਼ ਅਪਲੋਡ ਕੀਤੇ, ਆਪਣੀ ਨਿੱਜੀ ਜਾਣਕਾਰੀ ਅੱਪਡੇਟ ਕਰ ਸਕਦੇ ਨੇ। ਸ਼੍ਰੀ ਪੰਕਜ ਕੁਮਾਰ ਨੇ ਦੱਸਿਆ ਕਿ, ਮੌਜੂਦਾ ਸਮੇਂ ਵਿੱਚ EPFO ਨੂੰ ਮਿਲਣ ਵਾਲੀਆਂ 27 ਫ਼ੀਸਦੀ ਸ਼ਿਕਾਇਤਾਂ ਪ੍ਰੋਫਾਈਲ ਜਾਂ KYC ਨਾਲ ਸੰਬੰਧਤ ਹੁੰਦੀਆਂ ਨੇ। ਉਨਾਂ ਨੇ ਕਿਹਾ ਕਿ, ਇਸ ਪ੍ਰਕਿਰਿਆ ਤੋਂ ਬਾਅਦ, ਇਨ੍ਹਾਂ ਸ਼ਿਕਾਇਤਾਂ ਦੇ ਘਟਣ ਦੀ ਸੰਭਾਵਨਾ ਏ। EPFO ਦਾ ਮੁੱਖ ਮਕਸਦ ਡਾਟਾ ਸੁਰੱਖਿਆ ਨੂੰ ਯਕੀਨੀ ਬਣਾਉਣਾ ਏ, ਤਾਂ ਜੋ ਮੈਂਬਰਾਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਸੇਵਾਵਾਂ ਦਾ ਲਾਭ ਮਿਲ ਸਕੇ ਅਤੇ ਉਨ੍ਹਾਂ ਨੂੰ ਧੋਖਾਧੜੀ ਤੋਂ ਬਚਾਇਆ ਜਾ ਸਕੇ।

-----------------------------------------------------------

ਮੌਸਮ ਵਿਭਾਗ ਨੇ ਅਗਲੇ ਡੋ ਦਿਨਾਂ ਤੱਕ ਪੰਜਾਬ ਤੇ ਹਰਿਆਣਾ, ਵਿੱਚ ਸੰਘਣੀ ਧੁੰਦ ਤੋਂ ਕੁਝ ਰਾਹਤ ਮਿਲਣ ਦੀ ਸੰਭਾਵਨਾ ਜਤਾਈ ਏ। ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ਼੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ-

BYTE – 40 sec

---

ਮਹਿਲਾ ਹਾਕੀ ਇੰਡੀਆ ਲੀਗ ਵਿੱਚ, ਅੱਜ ਰਾਂਚੀ ਦੇ Marang Gomke Jaipal Singh Munda ਹਾਕੀ ਸਟੇਡੀਅਮ ਵਿੱਚ, JSW Soorma Hockey Club ਦਾ ਮੁਕਾਬਲਾ Delhi SG Pipers ਨਾਲ ਹੋ ਰਿਹਾ ਏ। ਦੂਜੇ ਪਾਸੇ, ਮਰਦਾਂ ਦੀ ਹਾਕੀ ਇੰਡੀਆ ਲੀਗ ਵਿੱਚ, ਅੱਜ Shrachi Rarh Bengal Tigers ਦਾ ਮੁਕਾਬਲਾ Rourkela ਦੇ ਬਿਰਸਾ ਮੁੰਡਾ ਹਾਕੀ ਸਟੇਡੀਅਮ ਵਿੱਚ, JSW Soorma Hockey Club ਨਾਲ ਹੋਵੇਗਾ। ਮੈਚ ਰਾਤੀਂ ਸਵਾ 8 ਵਜੇ ਸ਼ੁਰੂ ਹੋਵੇਗਾ।

---

- ਕੋਲਕਾਤਾ ਦੇ ਸਿਆਲਦਾਹ ਦੀ ਇੱਕ ਸੈਸ਼ਨ ਅਦਾਲਤ ਨੇ ਆਰਜੀ ਕਾਰ ਬਲਾਤਕਾਰ ਅਤੇ ਕਤਲ ਕੇਸ ਵਿੱਚ ਮੁੱਖ ਦੋਸ਼ੀ ਸੰਜੋਏ ਰਾਏ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਏ । ਰਾਸ਼ਟਰੀ ਮਹਿਲਾ ਕਮਿਸ਼ਨ ਨੇ ਫੈਸਲੇ ਦਾ ਸਵਾਗਤ ਕੀਤਾ ਏ ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਨੌਜਵਾਨ ਦੇਸ਼ ਦਾ ਅਸਾਸਾ ਨੇ, ਜੋ ਰਾਸ਼ਟਰ ਨਿਰਮਾਣ ਅਤੇ ਖੁਸ਼ਹਾਲੀ ਵਿੱਚ ਯੋਗਦਾਨ ਪਾਉਣਗੇ।
- ਪੰਜਾਬ ਦੇ ਸਮਾਜਿਕ ਸੁਰੱਖਿਆ,ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਵਿਧਾਨ ਸਭਾ ਹਲਕੇ ਦੇ ਪਿੰਡਾਂ ਲਈ 4 ਕਰੋੜ 39 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕੰਮਾਂ ਦੀ ਸ਼ੁਰੂਆਤ ਕੀਤੀ।
- ਮੌਸਮ ਵਿਭਾਗ ਨੇ ਅਗਲੇ ਡੋ ਦਿਨਾਂ ਤੱਕ ਪੰਜਾਬ ਤੇ ਹਰਿਆਣਾ, ਵਿੱਚ ਸੰਘਣੀ ਧੁੰਦ ਤੋਂ ਕੁਝ ਰਾਹਤ ਮਿਲਣ ਦੀ ਸੰਭਾਵਨਾ ਜਤਾਈ ਏ ।
- ਮਹਿਲਾ ਹਾਕੀ ਇੰਡੀਆ ਲੀਗ ਵਿੱਚ, ਅੱਜ ਰਾਂਚੀ ਵਿਖੇ , JSW Soorma Hockey Club ਦਾ ਮੁਕਾਬਲਾ Delhi SG Pipers ਨਾਲ ਹੋ ਰਿਹਾ ਏ।